# ਪ੍ਰੈਸ ਨੋਟ

ਮਾਨਯੋਗ ਸੀਨੀਅਰ ਪੁਲਿਸ ਕਪਤਾਨ ਸ੍ਰੀ ਸਰਤਾਜ ਸਿੰਘ ਚਾਹਲ, IPS ਜੀ ਦੇ ਦਿਸ਼ਾ ਨਿਰਦੇਸ਼ ਮੁਤਾਬਿਕ ਸ੍ਰੀ ਮਨਪ੍ਰੀਤ ਸਿੰਘ ਢਿਲੋਂ ਪੀ.ਪੀ.ਐਸ, ਪੁਲਿਸ ਕਪਤਾਨ/ਤਫਤੀਸ਼ ਹੁਸ਼ਿਆਰਪੁਰ ਅਤੇ ਸ੍ਰੀ ਪਲਵਿੰਦਰ ਸਿੰਘ ਪੀ.ਪੀ.ਐੱਸ, ਉਪ-ਕਪਤਾਨ ਪੁਲਿਸ ਸਿਟੀ/ਹੁਸ਼ਿਆਰਪੁਰ ਜੀ ਦੀ ਯੋਗ ਅਗਵਾਈ ਹੇਠ ਥਾਣਾ ਸਦਰ ਹੁਸ਼ਿਆਰਪੁਰ ਦੇ ਮੁੱਖ ਅਫਸਰ ਇੰਸਪੈਕਟਰ ਜੈ ਪਾਲ ਵਲੋਂ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਤਹਿਤ ਥਾਣਾ ਸਦਰ ਹੁਸ਼ਿਆਰਪੁਰ ਦੀ ਪੁਲਿਸ ਨੂੰ ਉਸ ਸਮੇਂ ਕਾਮਯਾਬੀ ਮਿਲੀ ਜਦੋਂ ਮਿਤੀ 14-08-2022 ਨੂੰ ਏ.ਐਸ.ਆਈ. ਜਸਵੀਰ ਸਿੰਘ ਥਾਣਾ ਸਦਰ ਹੁਸ਼ਿਆਰਪੁਰ ਨੇ ਸਮੇਤ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਪਿੰਡ ਪਟਿਆੜੀਆ ਦੀ ਫਿਰਨੀ ਤੇ ਆ ਰਹੇ ਕੈਂਟਰ ਟਾਟਾ-407 ਨੰਬਰ HP-67-0988 ਦੀ ਤਲਾਸ਼ੀ ਲੈਣ ਤੇ ਕੈਂਟਰ ਵਿਚੋਂ 15 ਕਿਲੋ ਡੋਡੇ ਚੂਰਾ ਪੋਸਤ ਬ੍ਰਾਮਦ ਕਰਨ ਵਿਚ ਕਾਮਯਾਬੀ ਹਾਸਲ ਕੀਤੀ ਅਤੇ ਕੈਂਟਰ ਦੇ ਡਰਾਇਵਰ ਧਰਮਿੰਦਰ ਸਿੰਘ ਉਰਫ ਬਿੰਦਾ ਪੁੱਤਰ ਬਲਰਾਜ ਸਿੰਘ ਵਾਸੀ ਪਟਿਆੜੀਆ ਥਾਣਾ ਸਦਰ ਹੁਸ਼ਿਆਰਪੁਰ ਨੂੰ ਕਾਬੂ ਕਰਕੇ ਉਸ ਦੇ ਖਿਲਾਫ ਮੁਕੱਦਮਾ ਨੰਬਰ 126 ਮਿਤੀ 14-08-2022 ਅ/ਧ 15-61-85 NDPS ACT ਥਾਣਾ ਸਦਰ ਹੁਸ਼ਿਆਰਪੁਰ ਦਰਜ ਕੀਤਾ ਗਿਆ। ਜਿਸ ਪਾਸੋਂ ਡੂੰਘਾਈ ਨਾਲ ਪੁੱਛਗਿਛ ਕੀਤੀ ਜਾ ਰਹੀ ਹੈ । ਥਾਣਾ ਸਦਰ ਹੁਸ਼ਿ: ਵਲੋਂ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਜਾਰੀ ਹੈ।